# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 25-04-2025**

- ਜੰਮੂ-ਕਸ਼ਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ ਨੇ ਅੱਜ ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ ਨਾਲ ਸੁਰੱਖਿਆ ਬਾਰੇ ਸਮੀਖਿਆ ਮੀਟਿੰਗ ਕੀਤੀ।
- ਪੰਜਾਬ ਵਿੱਚ, ਪਹਿਲਗਾਮ ਦਹਿਸ਼ਤਗਰਦੀ ਹਮਲੇ ਦੀ ਨਿੰਦਾ ਅਤੇ ਇਸਦੇ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਦੀ ਮੰਗ ਕੀਤੀ ਜਾ ਰਹੀ ਏ।
- ਪੰਜਾਬ ਵਿਜੀਲੈਂਸ ਬਿਓਰੋ ਦੇ ਮੁਖੀ SPS ਪਰਮਾਰ ਸਮੇਤ ਇਕ SSP ਅਤੇ AIG ਨੂੰ ਮੁਅੱਤਲ ਕਰ ਦਿੱਤਾ ਗਿਆ ਏ।
- ਅੱਜ ਵਿਸ਼ਵ ਮਲੇਰੀਆ ਦਿਵਸ ਮਨਾਇਆ ਜਾ ਰਿਹਾ ਏ- ਪੰਜਾਬ ਵਿਚ ਵੀ, ਜ਼ਿਲਾ ਪੱਧਰ 'ਤੇ ਵੱਖ-ਵੱਖ ਜਾਗਰੂਕਤਾ ਸਮਾਗਮ ਕਰਵਾਏ ਗਏ।
- IPL ਕ੍ਰਿਕਟ ਵਿੱਚ  ਅੱਜ ਚੇਨਈ ਸੁਪਰ ਕਿੰਗਜ਼ ਦਾ ਸਾਹਮਣਾ ਸਨਰਾਈਜ਼ਰਜ਼ ਹੈਦਰਾਬਾਦ ਨਾਲ ਹੋਵੇਗਾ।

---

ਜੰਮੂ-ਕਸ਼ਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ ਨੇ ਅੱਜ ਸ਼੍ਰੀਨਗਰ ਦੇ ਰਾਜ ਭਵਨ ਵਿਖੇ ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ ਨਾਲ ਸੁਰੱਖਿਆ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ । ਮੀਟਿੰਗ ਵਿੱਚ ਉੱਤਰੀ ਕਮਾਂਡ ਦੇ ਜਨਰਲ OFFICER ਕਮਾਂਡਿੰਗ ਲੈਫਟੀਨੈਂਟ ਜਨਰਲ ਐਮ.ਵੀ. ਸੁਚਿੰਦਰ ਕੁਮਾਰ, ਉਪ ਸੈਨਾ ਮੁਖੀ ਲੈਫਟੀਨੈਂਟ ਜਨਰਲ ਪ੍ਰਤੀਕ ਸ਼ਰਮਾ ਅਤੇ 15ਵੀਂ ਕੋਰ ਦੇ ਜਨਰਲ OFFICER ਕਮਾਂਡਿੰਗ ਲੈਫਟੀਨੈਂਟ ਜਨਰਲ ਪ੍ਰਸ਼ਾਂਤ ਸ਼੍ਰੀਵਾਸਤਵ ਵੀ ਮੌਜੂਦ ਸਨ। ਇਸ ਤੋਂ ਪਹਿਲਾਂ, ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ ਅੱਜ ਸਵੇਰੇ ਸ਼੍ਰੀਨਗਰ ਪਹੁੰਚੇ। ਸ੍ਰੀਨਗਰ ਸਥਿਤ 15ਵੀਂ ਕੋਰ ਦੇ ਜਨਰਲ OFFICER ਕਮਾਂਡਿੰਗ ਨੇ ਉਨ੍ਹਾਂ ਨੂੰ ਸੁਰੱਖਿਆ ਹਾਲਤ ਅਤੇ ਦਹਿਸ਼ਤਗਰਦਾਂ ਵਿਰੁੱਧ ਕੀਤੀ ਜਾ ਰਹੀ ਕਾਰਵਾਈ ਅਤੇ ਕੰਟਰੋਲ ਰੇਖਾ 'ਤੇ ਪਾਕਿਸਤਾਨੀ ਫੌਜ ਵੱਲੋਂ ਕੀਤੀ ਜਾ ਰਹੀ ਗੋਲੀਬੰਦੀ ਦੀ ਉਲੰਘਣਾ ਬਾਰੇ ਜਾਣਕਾਰੀ ਦਿੱਤੀ।

---------------------------------------------------------

ਪੰਜਾਬ ਵਿੱਚ, ਪਹਿਲਗਾਮ ਦਹਿਸ਼ਤਗਰਦੀ ਹਮਲੇ ਦੀ ਨਿੰਦਾ ਅਤੇ ਇਸਦੇ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਦੀ ਮੰਗ ਕੀਤੀ ਜਾ ਰਹੀ ਏ । ਸੂਬੇ  ਵਿੱਚ ਕੱਲ੍ਹ ਤੋਂ ਰਾਜਨੀਤਿਕ ਪਾਰਟੀਆਂ ਅਤੇ ਸਮਾਜਿਕ ਸੰਗਠਨਾਂ ਵੱਲੋਂ ਕੈਂਡਲ ਮਾਰਚ ਅਤੇ ਵਿਰੋਧ ਪ੍ਰਦਰਸ਼ਨ ਕੀਤੇ ਜਾ ਰਹੇ

ਨੇ। ਮਾਰੇ ਗਏ ਲੋਕਾਂ ਦੇ ਦੁਖੀ ਪਰਿਵਾਰਾਂ ਨਾਲ ਇਕਜੁੱਟਤਾ ਪ੍ਰਗਟ ਕਰਨ ਲਈ ਪ੍ਰਾਰਥਨਾਵਾਂ ਵੀ ਕੀਤੀਆਂ ਜਾ ਰਹੀਆਂ ਨੇ। ਪੰਜਾਬ ਮੰਤਰੀ ਮੰਡਲ ਨੇ ਹਮਲੇ ਵਿੱਚ ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਦੋ ਮਿੰਟ ਦਾ ਮੌਨ ਵੀ ਰੱਖਿਆ। ਪੰਜਾਬ ਦੇ ਮੁਫਤੀ-ਏ-ਆਜ਼ਮ ਹਜ਼ਰਤ ਮੌਲਾਨਾ ਇਤ-ਕਾਉਲ ਹਸਨ ਕੰਦ-ਲਵੀ ਨੇ ਇਸ ਕਾਇਰਾਨਾ ਹਮਲੇ ਦੀ ਨਿੰਦਾ ਕਰਦੇ ਹੋਏ ਇਸਨੂੰ ਮਨੁੱਖਤਾ 'ਤੇ ਹਮਲਾ ਦੱਸਿਆ ਏ ਅਤੇ ਜ਼ਿੰਮੇਵਾਰ ਲੋਕਾਂ ਖਿਲਾਫ ਕਾਰਵਾਈ ਦੀ ਮੰਗ ਕੀਤੀ ਏ।**BYTE:**

ਓਧਰ ਅੱਜ ਲੁਧਿਆਣਾ ਦੀ ਇਤਿਹਾਸਿਕ ਜਾਮਾ ਮਸਜਿਦ ਵਿਖੇ ਪੰਜਾਬ ਦੇ ਸ਼ਾਹੀ ਇਮਾਮ ਅਤੇ ਮਜਲਿਸ ਅਹਿਰਾਰ ਇਸਲਾਮ ਹਿੰਦ ਦੇ ਕੌਮੀ ਪ੍ਰਧਾਨ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਦੀ ਅਗਵਾਈ ਹੇਠ ਮੁਸਲਮਾਨਾਂ ਨੇ ਪਹਿਲਗਾਮ ਦਹਿਸ਼ਤਗਰਦੀ ਹਮਲੇ ਦੀ ਲਗਾਤਾਰ ਨਿੰਦਾ ਜਾਰੀ ਰੱਖਦੇ ਹੋਏ ਕਾਲੀਆਂ ਪੱਟੀਆਂ ਬੰਨ ਕੇ ਜੁੰਮੇ ਦੀ ਨਮਾਜ਼ ਅਦਾ ਕੀਤੀ। ਸ਼ਾਹੀ ਇਮਾਮ ਨੇ ਕਿਹਾ ਕਿ ਇਸ ਨਾਪਾਕ ਹਮਲੇ ਦੀ ਜਿੰਨੀ ਨਿੰਦਾ ਕੀਤੀ ਜਾਵੇ ਘੱਟ ਏ। ਉਨ੍ਹਾਂ ਕਿਹਾ ਕਿ ਪਹਿਲਗਾਮ ਹਮਲੇ ਤੋਂ ਬਾਅਦ ਜਿੱਥੇ ਪੂਰਾ ਦੇਸ਼ ਦਹਿਸ਼ਤਗਰਦੀ ਦੀ ਵਿਰੋਧਤਾ ਕਰਦਾ ਨਜ਼ਰ ਆ ਰਿਹਾ ਏ । ਹੀ ਇਮਾਮ ਨੇ ਕਿਹਾ ਕਿ ਮੁਸ਼ਕਿਲ ਸਮੇਂ ਦੇ ਵਿੱਚ ਦੇਸ਼ ਦੇ ਅੰਦਰ

ਅਰਾਜਕਤਾ ਫੈਲਾਉਣ ਵਾਲਿਆਂ ਦੇ ਖਿਲਾਫ  ਸਖਤ ਰੁਖ ਅਪਣਾਉਣ ਦੀ ਲੋੜ ਏ। ਫ਼ਤਿਹਗੜ੍ਹ ਸਾਹਿਬ ਵਿਚ ਰੋਜ਼ਾ ਸ਼ਰੀਫ ਵਿਖੇ ਸਰਹਿੰਦ ਦੇ ਖਲੀਫਾ ਸਈਅਦ ਮੁਹੰਮਦ ਸਾਦਿਕ ਰਜਾ ਮੁਜੱਜਦੀ ਦੀ ਅਗਵਾਈ ਵਿੱਚ  ਹਮਲੇ ਦੇ ਰੋਸ ਵਜੋ ਵਿਸ਼ਾਲ ਰੋਸ ਮਾਰਚ ਕੱਢਿਆ ਗਿਆ, ਇਸ ਮਗਰੋਂ ਰੋਜ਼ਾ ਸ਼ਰੀਫ ਦੇ ਮੁੱਖ ਗੇਟ ਤੇ ਦਹਿਸ਼ਤਗਰਦੀ ਦਾ ਪੁਤਲਾ ਸਾੜਿਆ। ਮਾਰੇ ਗਏ ਸੈਲਾਨੀਆਂ  ਦੀ ਆਤਮਿਕ ਸ਼ਾਂਤੀ ਲਈ ਦੁਆ ਵੀ ਕੀਤੀ ਗਈ  ।

---------------------------------------------------

ਪੰਜਾਬ ਵਿਜੀਲੈਂਸ ਬਿਓਰੋ ਦੇ ਮੁਖੀ SPS ਪਰਮਾਰ ਸਮੇਤ ਇਕ SSP ਅਤੇ AIG ਨੂੰ ਮੁਅੱਤਲ ਕਰ ਦਿੱਤਾ ਗਿਆ ਏ ।ਸਰਕਾਰੀ ਸੂਤਰਾਂ ਮੁਤਾਬਿਕ ਇਹ ਕਾਰਵਾਈ ਡਰਾਈਵਿੰਗ ਲਾਇਸੰਸਾਂ ਸੰਬਧੀ ਇਕ ਘੋਟਾਲੇ ਬਾਰੇ ਕੋਈ ਵੀ ਕਾਰਵਾਈ ਨਾ ਕੀਤੇ ਜਾਣ ਦੇ ਮੱਦੇਨਜ਼ਰ ਇਹ ਕਦਮ ਚੁਕਿਆ ਗਿਆ ਏ।

---------------------------------------------------

ਭਾਰਤੀ ਪੁਲਾੜ ਖੋਜ ਸੰਗਠਨ -ਇਸਰੋ ਦੇ ਸਾਬਕਾ ਚੇਅਰਮੈਨ ਅਤੇ ਭਾਰਤ ਦੀ ਰਾਸ਼ਟਰੀ ਸਿੱਖਿਆ ਨੀਤੀ ਦੇ ਮੁੱਖ ਨਿਰਮਾਤਾ ਡਾ. ਕੇ. ਕਸਤੂਰੀ-ਰੰਗਨ ਦਾ ਅੱਜ ਸਵੇਰੇ ਬੰਗਲੁਰੂ ਸਥਿਤ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਦੇਹਾਂਤ ਹੋ ਗਿਆ। ਉਹ 84 ਸਾਲਾਂ ਦੇ ਸਨ। ਇਸਰੋ ਦੇ

ਚੇਅਰਮੈਨ ਦੇ ਰੂਪ 'ਚ, ਡਾ. ਕਸਤੂਰੀ-ਰੰਗਨ ਨੇ ਪੋਲਰ ਸੈਟੇਲਾਈਟ ਪੁਲਾੜ ਵਾਹਨ (PSLV) ਦੇ ਵਿਕਾਸ ਵਿੱਚ ਮੁੱਖ ਭੂਮਿਕਾ ਨਿਭਾਈ, ਜੋ ਕਿ ਭਾਰਤ ਦਾ ਸਭ ਤੋਂ ਭਰੋਸੇਮੰਦ ਸੈਟੇਲਾਈਟ ਵਾਹਨ ਬਣ ਗਿਆ। ਉਨ੍ਹਾਂ ਨੇ 27 ਅਗਸਤ, 2003 ਨੂੰ ਅਹੁਦਾ ਛੱਡਣ ਤੋਂ ਪਹਿਲਾਂ 9 ਸਾਲਾਂ ਤੋਂ ਵੱਧ ਸਮੇਂ ਤੱਕ, ਭਾਰਤੀ ਪੁਲਾੜ ਪ੍ਰੋਗਰਾਮ ਦੀ ਅਗਵਾਈ ਕੀਤੀ। ਡਾ. ਕਸਤੂਰੀ-ਰੰਗਨ ਨੇ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਦੇ ਚਾਂਸਲਰ, ਕਰਨਾਟਕ ਗਿਆਨ ਕਮਿਸ਼ਨ ਦੇ ਚੇਅਰਮੈਨ ਅਤੇ ਬੰਗਲੁਰੂ ਵਿੱਚ, National Institute of Advanced Studies ਦੇ ਡਾਇਰੈਕਟਰ ਵਜੋਂ ਵੀ ਸੇਵਾ ਨਿਭਾਈ। ਉਹ 2003 ਤੋਂ 2009 ਤੱਕ ਰਾਜ ਸਭਾ ਦੇ ਮੈਂਬਰ ਵੀ ਰਹੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਉਨ੍ਹਾਂ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ ਏ।

---------------------------------------------------------

ਅੱਜ ਵਿਸ਼ਵ ਮਲੇਰੀਆ ਦਿਵਸ ਮਨਾਇਆ ਜਾ ਰਿਹਾ ਏ। ਇਹ ਵਿਸ਼ਵ ਸਿਹਤ ਸੰਗਠਨ ਵਲੋਂ ਮਲੇਰੀਆ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਬਿਮਾਰੀ ਨੂੰ ਕੰਟਰੋਲ ਕਰਨ, ਰੋਕਣ ਅਤੇ ਖਤਮ ਕਰਨ ਦੇ ਉਪਾਵਾਂ ਨੂੰ ਉਤਸ਼ਾਹਿਤ ਕਰਨ ਲਈ ਆਯੋਜਿਤ ਇੱਕ

ਵਿਸ਼ਵਵਿਆਪੀ ਪਹਿਲ ਏ । ਇਸਦਾ ਉਦੇਸ਼ ਮਲੇਰੀਆ ਦੇ ਖਾਤਮੇ ਵੱਲ ਪ੍ਰਗਤੀ ਨੂੰ ਤੇਜ਼ ਕਰਨ ਲਈ, ਵਿਸ਼ਵ-ਵਿਆਪੀ ਨੀਤੀ ਤੋਂ ਲੈ ਕੇ ਭਾਈਚਾਰਕ ਕਾਰਵਾਈ ਤੱਕ, ਸਾਰੇ ਪੱਧਰਾਂ 'ਤੇ ਯਤਨਾਂ ਨੂੰ ਸੁਰਜੀਤ ਕਰਨਾ ਏ। ਇਸੇ ਸਿਲਸਿਲੇ ਵਿਚ ਪੰਜਾਬ ਵਿਚ ਵੀ, ਜ਼ਿਲਾ ਪੱਧਰ 'ਤੇ ਵੱਖ-ਵੱਖ ਜਾਗਰੂਕਤਾ ਸਮਾਗਮ ਕਰਵਾਏ ਗਏ। ਵਿਸ਼ਵ ਮਲੇਰੀਆ ਦਿਵਸ ਮੌਕੇ ਪੰਜਾਬ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਹਿਤਿੰਦਰ ਕੌਰ ਨੇ ਮਲੇਰੀਆ ਦੀ ਰੋਕਥਾਮ ਅਤੇ ਨਿਯੰਤਰਣ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਲਈ ਜਾਗਰੂਕਤਾ ਪੋਸਟਰ ਜਾਰੀ ਕੀਤਾ । ਡਾ. ਹਿਤਿੰਦਰ ਕੌਰ ਨੇ ਮਲੇਰੀਆ ਤੋਂ ਬਚਾਅ, ਸਾਵਧਾਨੀਆਂ ਅਤੇ ਇਲਾਜ਼ ਸਬੰਧੀ ਜਾਗਰੂਕ ਕੀਤਾ।

**BYTE :**

ਉਨ੍ਹਾਂ ਮਲੇਰੀਆ ਤੋਂ ਬਚਾਅ ਅਤੇ ਪਰਿਵਾਰ ਨੂੰ ਤੰਦਰੁ੍ਸਤ ਰੱਖਣ ਲਈ ਸਾਵਧਾਨੀਆਂ ਵਰਤਣ ਦੀ ਲੋੜ ਤੇ ਜ਼ੋਰ ਦਿੰਦਿਆਂ, ਲੋਕਾਂ ਨੂੰ ਮਲੇਰੀਆ ਪ੍ਰਤੀ ਜਾਗਰੂਕ ਕਰਨ ਦੀ ਅਪੀਲ ਕੀਤੀ । ਓਧਰ ਮੁਹਾਲੀ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਵਿਚ ਵੀ ਸਿਹਤ ਕਾਮਿਆਂ ਨੇ ਰੈਲੀਆਂ, ਸਵਾਲ-ਜਵਾਬ ਮੁਕਾਬਲਿਆਂ, ਨੁੱਕੜ ਨਾਟਕਾਂ ਅਤੇ ਵੱਖ-ਵੱਖ ਜਾਗਰੂਕਤਾ ਸਮਾਗਮ ਕਰਵਾਏ ਗਏ । ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਕਿਹਾ ਕਿ ਸਰਕਾਰ ਨੇ

2030 ਤਕ ਮਲੇਰੀਆ ਦਾ ਮੁਕੰਮਲ ਖ਼ਾਤਮਾ ਕਰਨ ਦਾ ਟੀਚਾ ਮਿੱਥਿਆ ਹੋਇਆ ਏ । ਮਲੇਰੀਆ ਬੁਖ਼ਾਰ ਦੇ ਲੱਛਣ ਦਿਸਣ ’ਤੇ ਤੁਰੰਤ ਨੇੜਲੇ ਸਿਹਤ ਕੇਂਦਰ ਵਿਚ ਜਾ ਕੇ ਜਾਂਚ ਕਰਵਾਈ ਜਾਵੇ। ਸਿਹਤ ਵਿਭਾਗ ਦੇ ਹੈਲਪਲਾਈਨ ਨੰਬਰ 104 ’ਤੇ ਵੀ ਸਲਾਹ ਲਈ ਸੰਪਰਕ ਕੀਤਾ ਜਾ ਸਕਦਾ ਏ ।

---------------------------------------------------

ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਸਾਬਕਾ ਮੁਖ ਮੰਤਰੀ ਮਰਹੂਮ ਪ੍ਰਕਾਸ਼ ਸਿੰਘ ਬਾਦਲ ਦੇ ਨਾਂ ਤੇ ਪਿੰਡ ਬਾਦਲ ਵਿਖੇ ਹੀ ਇੱਕ 'ਸਕਿਲ ਸੈਂਟਰ' ਖੋਲਿਆ ਜਾਵੇਗਾ । ਕੇਂਦਰੀ ਹੁਨਰ ਵਿਭਾਗ ਦੇ ਸਲਾਹਕਾਰ ਡਾ: ਸੰਦੀਪ ਸਿੰਘ ਕੌੜਾ ਨੇ ਦਸਿਆ ਕਿ ਇਸ ਦੀ ਮਨਜ਼ੂਰੀ ਤੇ ਹੋਰ ਕਾਗਜ਼ ਪੱਤਰ ਸੁਖਬੀਰ ਸਿੰਘ ਬਾਦਲ ਨੂੰ ਸੌਂਪੇ ਗਏ ਨੇ । ਉਨ੍ਹਾਂ ਦਸਿਆ ਕਿ ਨੌਜਵਾਨਾਂ ਨੂੰ ਵੱਖ ਵੱਖ ਕੰਮ ਸਿਖਾਉਣ ਲਈ ਦੇਸ਼ ਦਾ ਇਹ ਦੂਜਾ ਕੇਂਦਰ ਹੋਵੇਗਾ **।BYTE:**

ਡਾ: ਸੰਦੀਪ ਸਿੰਘ ਕੌੜਾ ਅੱਜ ਮਰਹੂਮ ਪ੍ਰਕਾਸ਼ ਸਿੰਘ ਬਾਦਲ ਦੀ ਦੂਜੀ ਬਰਸੀ ਅੱਜ ਪਿੰਡ ਬਾਦਲ ਵਿਖੇ ਪਹੁੰਚੇ ਹੋਏ ਸਨ। ਵੱਖ ਵੱਖ ਸ਼ਖਸੀਅਤਾਂ ਨੇ ਉਹਨਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ

---------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਬੈਂਸ ਵਲੋਂ ਕੀਰਤਪੁਰ ਸਾਹਿਬ ਦੇ ਵਾਸੀਆਂ ਦੀ ਚਿਰਕੋਣੀ ਮੰਗ ਪੂਰੀ ਕਰਨ ਲਈ  ਮੁੱਢਲੇ ਸਿਹਤ ਕੇਂਦਰ ਦੀ ਇਮਾਰਤ ਨੂੰ ਇੱਕ ਕਰੋੜ, 67 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕਰਕੇ ਆਧੁਨਿਕ ਸਿਹਤ ਸਹੂਲਤਾ ਉਪਲੱਬਧ ਕਰਵਾਉਣ ਦਾ ਉਪਰਾਲਾ ਕੀਤਾ ਏ । ਕੀਰਤਪੁਰ ਸਾਹਿਬ ਵਿੱਚ ਸਿਹਤ ਕੇਂਦਰ ਦੀ ਇਹ ਇਮਾਰਤ ਜਲਦੀ ਮਿਆਰੀ ਸਿਹਤ ਸਹੂਲਤ ਦੇਣ ਲਈ ਲੋਕ ਅਰਪਿਤ ਹੋਵੇਗੀ।  ਰੂਪਨਗਰ ਦੇ ਵਧੀਕ ਡਿਪਟੀ ਕਮਿਸ਼ਨਰ ਪੂਜਾ ਸਿਆਲ ਨੇ ਅੱਜ ਸਿਵਲ ਸਰਜਨ ਡਾ.ਤਰਸੇਮ ਸਿੰਘ ਦੀ ਮੌਜੂਦਗੀ ਵਿੱਚ ਕੀਰਤਪੁਰ ਸਾਹਿਬ ਦੇ ਮੁੱਢਲੇ ਸਿਹਤ ਕੇਂਦਰ ਦੀ ਨਵੀਂ ਇਮਾਰਤ ਦੀ ਉਸਾਰੀ ਲਈ ਚੱਲ ਰਹੇ ਨਿਰਮਾਣ ਕਾਰਜਾਂ ਦਾ ਜਾਇਜ਼ਾ ਲਿਆ। ਉਹਨਾਂ ਕਿਹਾ ਕਿ ਮੁੱਢਲੇ ਸਿਹਤ ਕੇਂਦਰ ਦੀ ਉਸਾਰੀ ਦੇ ਬਾਕੀ ਰਹਿੰਦੇ ਕੰਮਾਂ ਨੂੰ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਜਲਦੀ ਪੂਰਾ ਕਰਨਾ ਯਕੀਨੀ ਬਣਾਇਆ ਜਾਵੇ  । ਉਹਨਾਂ ਪ੍ਰਾਜੈਕਟ ਨੂੰ ਨਿਰਧਾਰਿਤ ਸਮੇਂ ਵਿੱਚ ਮੁਕੰਮਲ ਕਰਨ ਲਈ ਨਿਰਮਾਣ ਕਾਰਜਾਂ ਦੀ ਰਫ਼ਤਾਰ ਵਿੱਚ ਤੇਜ਼ੀ ਲਿਆਉਣ ਦੀ ਹਦਾਇਤ ਵੀ ਦਿੱਤੀ।

---------------------------------------------------

ਅੰਮ੍ਰਿਤਸਰ ਸਥਿਤ ਲੈਂਡ ਕਸਟਮ ਸਟੇਸ਼ਨ ਅਟਾਰੀ ਵਿਖੇ ਕਸਟਮਜ਼ ਵਿਰਾਸਤੀ  ਗੈਲਰੀ ਦੀ ਸ਼ਾਨ ਅਤੇ ਇਤਿਹਾਸ ਨੂੰ ਦਰਸਾਉਂਦੀ ਇੱਕ ਚਿੱਤਰਕਾਰੀ ਅੱਜ ਅੰਮ੍ਰਿਤਸਰ ਕਸਟਮਜ਼ ਦੇ ਕਮਿਸ਼ਨਰ ਆਲੋਕ ਸ਼੍ਰੀ ਵਾਸਤਵ ਵਲੋਂ ਜਾਰੀ ਕੀਤਾ ਗਿਆ। ਇਹ ਵਿਲੱਖਣ ਚਿੱਤਰਕਾਰੀ ਭਾਰਤ ਦੀ ਪਹਿਲੀ ਕਸਟਮਜ਼ ਹੈਰੀਟੇਜ ਗੈਲਰੀ ਨੂੰ ਉਜਾਗਰ ਕਰਦੀ ਏ , ਜੋ ਕਿ ਅਟਾਰੀ ਵਿਖੇ ਸਥਾਪਿਤ ਕੀਤੀ ਗਈ ਏ। ਜ਼ਿਕਰਯੋਗ ਏ  ਕਿ ਅਟਾਰੀ ਵਿੱਚ ਕਸਟਮਜ਼ ਹੈਰੀਟੇਜ ਗੈਲਰੀ ਵਿੱਚ 2,000 ਸਾਲਾਂ ਤੋਂ ਵੱਧ ਚੱਲ ਰਹੇ ਵਪਾਰ, ਲੋਕਾਂ ਦੇ ਸੰਪਰਕ ਦੇ ਮਾਣਮੱਤੇ ਇਤਿਹਾਸ, ਸੱਭਿਆਚਾਰ ਦੇ ਵਿਕਾਸ ਅਤੇ ਭਾਰਤੀ ਕਸਟਮਜ਼ ਦੀ ਅਮੀਰ ਵਿਰਾਸਤ ਨੂੰ ਦਰਸਾਉਂਦੀ ਏ। ਬਾਰਡਰ ਕਸਟਮ ਵਿਖੇ ਮਾਂ ਬੋਲੀ ਪੰਜਾਬੀ ਨੂੰ ਉਤਸ਼ਾਹਿਤ ਕਰਨ ਲਈ ਕਿਤਾਬਚਾ ਵੀ ਵੰਡੇ ਗਏ।

--------------------------------------------------

ਕੇਂਦਰੀ ਚਮੜਾ ਖੋਜ ਸੰਸਥਾਨ ਦੇ ਖੇਤਰੀ ਕੇਂਦਰ  ਜਲੰਧਰ ਨੇ ਆਪਣਾ 78ਵਾਂ ਸਥਾਪਨਾ ਦਿਵਸ ਮਨਾਇਆ। ਸਕੂਲ ਆਫ਼ ਐਮੀਨੈਂਸ ਭਾਰਗੋ ਕੈਂਪ ਜਲੰਧਰ ਦੇ ਵਿਦਿਆਰਥੀਆਂ ਅਤੇ ਫੈਕਲਟੀ, ਅਤੇ ਚਮੜਾ ਉਦਯੋਗ ਦੇ ਟੈਨਰਾਂ ਅਤੇ ਤਕਨੀਕੀ ਸਟਾਫ਼ ਨੇ ਇਸ ਸਮਾਗਮ ਵਿੱਚ ਸਰਗਰਮੀ ਨਾਲ ਹਿੱਸਾ ਲਿਆ।  ਮੁੱਖ ਮਹਿਮਾਨ

ਵਜੋਂ ਸ਼ਿਰਕਤ ਕਰਦਿਆਂ ਪੰਜਾਬ ਚਮੜਾ ਫੈਡਰੇਸ਼ਨ ਦੇ ਪ੍ਰਧਾਨ ਅਮਨਦੀਪ ਸਿੰਘ ਸੰਧੂ ਨੇ ਚਮੜਾ ਉਦਯੋਗ ਅਤੇ ਦੇਸ਼ ਦੀ ਆਰਥਿਕਤਾ ਵਿੱਚ ਇਸ ਦੇ ਯੋਗਦਾਨ ਤੇ ਜ਼ੋਰ ਦਿੱਤਾ। ਸਾਇੰਟਿਸਟ ਇੰਚਾਰਜ ਡਾ. ਐਸ.ਵੀ. ਸ਼੍ਰੀ ਨਿਵਾਸਨ, ਨੇ ਖੋਜ ਖੇਤਰਾਂ ਵਿੱਚ ਵਿਦਿਆਰਥੀਆਂ ਲਈ ਸੰਭਾਵੀ ਮੌਕਿਆਂ ਬਾਰੇ ਜਾਣਕਾਰੀ ਦਿੱਤੀ । ਪ੍ਰਿੰਸੀਪਲ ਸਾਇੰਟਿਸਟ ਡਾ. ਪੀ. ਸੁਧਾਕਰ ਨੇ ਚਮੜੇ ਅਤੇ ਚਮੜੇ ਦੇ ਉਤਪਾਦਾਂ ਦੀ ਜਾਂਚ ਲਈ ਲੋੜੀਂਦੇ ਮਿਆਰੀ ਪ੍ਰੋਟੋਕੋਲ ਬਾਰੇ ਇੱਕ ਪੇਸ਼ਕਾਰੀ ਦਿੱਤੀ। ਇਸ ਤੋਂ ਬਾਅਦ ਵੱਖ-ਵੱਖ ਚਮੜੇ ਦੇ ਉਤਪਾਦਾਂ ਦਾ ਪ੍ਰਦਰਸ਼ਨ ਵੀ ਕੀਤਾ ਗਿਆ।

---------------------------------------------------------------

ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਲੰਧਰ ਸਿਵਲ ਪ੍ਰਸਾਸ਼ਨ ਤੇ ਜ਼ਿਲ੍ਹਾ ਪੁਲਿਸ ਵਲੋਂ ਪਿੰਡ ਸਮਰਾਏ ਵਿਖੇ ਗੈਰ-ਕਾਨੂੰਨੀ ਢੰਗ ਨਾਲ ਚਲਾਏ ਜਾ ਰਹੇ ਅਣ-ਅਧਿਕਾਰਤ ਨਸ਼ਾ ਛੁਡਾਊ ਕੇਂਦਰ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਏ । ਫੋਨ ਜ਼ਰੀਏ ਸੂਚਨਾ ਮਿਲਣ ਉਪਰੰਤ ਡਿਪਟੀ ਕਮਿਸ਼ਨਰ ਵਲੋਂ ਤੁਰੰਤ ਸਿਵਲ, ਪੁਲਿਸ ਅਤੇ ਸਿਹਤ ਵਿਭਾਗ ਨੂੰ ਛਾਪਾ ਮਾਰਨ ਦੀਆਂ ਹਦਾਇਤਾਂ ਕੀਤੀਆਂ ਗਈਆਂ । ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ 103 ਵਿਅਕਤੀਆਂ ਨੂੰ ਇਸ ਗੈਰ-ਕਾਨੂੰਨੀ ਨਸ਼ਾ ਛੁਡਾਊ

ਕੇਂਦਰ ਵਿਖੇ ਨਸ਼ਾ ਛੁਡਾਉਣ ਦੇ ਨਾਮ ’ਤੇ ਗੈਰ ਕਾਨੂੰਨੀ ਢੰਗ ਨਾਲ ਰੱਖਿਆ ਗਿਆ ਸੀ। ਉਨ੍ਹਾਂ ਦੱਸਿਆ ਕਿ ਇਹਨਾਂ ਵਿਅਕਤੀਆਂ ਨੂੰ ਇਸ ਨਸ਼ਾ ਛੁਡਾਊ ਕੇਂਦਰ ਤੋਂ ਛੁਡਵਾ ਲਿਆ ਗਿਆ ਏ । ਇਸ ਸਾਂਝੇ ਆਪ੍ਰੇਸ਼ਨ ਦੌਰਾਨ ਵੱਡੀ ਮਾਤਰਾ ਵਿੱਚ 2005 ਨਸ਼ੀਲੀਆਂ ਗੋਲੀਆਂ ਜ਼ਬਤ ਕੀਤੀਆਂ ਗਈਆਂ ਨੇ । ਗੈਰ-ਕਾਨੂੰਨੀ ਢੰਗ ਨਾਲ ਅਣ-ਅਧਿਕਾਰਤ ਨਸ਼ਾ ਛੁਡਾਊ ਕੇਂਦਰ ਚਲਾਉਣ ਵਾਲਿਆਂ ਖਿਲਾਫ਼ ਮਾਮਲਾ ਦਰਜ ਕੀਤਾ ਗਿਆ । ਸਾਰੇ ਸੰਚਾਲਕਾਂ ਨੂੰ ਨਸ਼ਾ ਛੁਡਾਊ ਕੇਂਦਰ ਚਲਾਉਣ ਅਤੇ ਭਾਰੀ ਮਾਤਰਾ ਵਿੱਚ ਫੜੀਆਂ ਗਈਆਂ ਨਸ਼ੀਲੀਆਂ ਦਵਾਈਆਂ ਸਬੰਧੀ ਯੋਗ ਦਸਤਾਵੇਜ਼ ਪੇਸ਼ ਨਾ ਕਰ ਸਕਣ ਕਰਕੇ ਹਿਰਾਸਤ ਵਿੱਚ ਲੈ ਲਿਆ ਗਿਆ ਏ । ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਅਤੇ ਜਾਣਕਾਰੀ ਲਈ ਜ਼ਿਲ੍ਹਾ ਨਸ਼ਾ ਛੁਡਾਊ ਹੈਲਪਲਾਈਨ ਨੰਬਰ 0181-2911969 ਦੀ ਵੱਧ ਤੋਂ ਵੱਧ ਵਰਤੋਂ ਕੀਤੀ ਜਾਵੇ। ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਕਿਸੇ ਨੂੰ ਵੀ ਕਾਨੂੰਨ ਆਪਣੇ ਹੱਥਾਂ ਵਿੱਚ ਲੈਣ ਦੀ ਇਜ਼ਾਜਤ ਨਹੀਂ ਦਿੱਤੀ ਜਾਵੇਗੀ ਅਤੇ ਜੋ ਵੀ ਗੈਰ ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਿਲ ਹੋਵੇਗਾ, ਉਸ ਖਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

---------------------------------------------------------------

IPL ਕ੍ਰਿਕਟ ਵਿੱਚ  ਅੱਜ ਚੇਨਈ ਸੁਪਰ ਕਿੰਗਜ਼ ਦਾ ਸਾਹਮਣਾ ਸਨਰਾਈਜ਼ਰਜ਼ ਹੈਦਰਾਬਾਦ ਨਾਲ ਹੋਵੇਗਾ। ਇਹ ਮੈਚ ਚੇਨਈ ਦੇ ਐਮ.ਐਮ. ਚਿਦੰਬਰਮ ਸਟੇਡੀਅਮ ਵਿੱਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ।

---------------------------------------------------------------

- ਜੰਮੂ-ਕਸ਼ਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ ਨੇ ਅੱਜ ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ ਨਾਲ ਸੁਰੱਖਿਆ ਬਾਰੇ ਸਮੀਖਿਆ ਮੀਟਿੰਗ ਕੀਤੀ ।
- ਪੰਜਾਬ ਵਿੱਚ, ਪਹਿਲਗਾਮ ਦਹਿਸ਼ਤਗਰਦੀ ਹਮਲੇ ਦੀ ਨਿੰਦਾ ਅਤੇ ਇਸਦੇ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਦੀ ਮੰਗ ਕੀਤੀ ਜਾ ਰਹੀ ਏ ।
- ਪੰਜਾਬ ਵਿਜੀਲੈਂਸ ਬਿਓਰੋ ਦੇ ਮੁਖੀ SPS ਪਰਮਾਰ ਸਮੇਤ ਇਕ SSP ਅਤੇ AIG ਨੂੰ ਮੁਅੱਤਲ ਕਰ ਦਿੱਤਾ ਗਿਆ ਏ ।
- ਅੱਜ ਵਿਸ਼ਵ ਮਲੇਰੀਆ ਦਿਵਸ ਮਨਾਇਆ ਜਾ ਰਿਹਾ ਏ- ਪੰਜਾਬ ਵਿਚ ਵੀ, ਜ਼ਿਲਾ ਪੱਧਰ 'ਤੇ ਵੱਖ-ਵੱਖ ਜਾਗਰੂਕਤਾ ਸਮਾਗਮ ਕਰਵਾਏ ਗਏ ।

- IPL ਕ੍ਰਿਕਟ ਵਿੱਚ ਅੱਜ ਚੇਨਈ ਸੁਪਰ ਕਿੰਗਜ਼ ਦਾ ਸਾਹਮਣਾ ਸਨਰਾਈਜ਼ਰਜ਼ ਹੈਦਰਾਬਾਦ ਨਾਲ ਹੋਵੇਗਾ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜ 30 ਮਿੰਟ 'ਤੇ ਨਮਸਕਾਰ !